# ਪੰਜਾਬ ਵਿਧਾਨ ਸਭਾ

ਛੇਵਾਂ (ਬਜਟ) ਸਮਾਗਮ

ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ

## 04 ਮਾਰਚ, 2024

----

ਕੁੱਲ ਪ੍ਰਸ਼ਨ - 18

----

--- -

**304** **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=**

ਕੀ ਖੇਤੀਬਾੜੀ ਮੰਤਰੀ ਕਿਰਪਾ ਦੱਸਣਗੇ ਕਿ ਕੀ ਖਰੜ ਤੋਂ ਮੋਰਿੰਡਾ ਐੱਨ.ਐੱਚ 95 ਅਤੇ ਜ਼ਿਲ੍ਹਾ ਐਸ.ਏ.ਐਸ.ਨਗਰ ਅੰਦਰ ਪੈਂਦੇ ਪਿੰਡ ਭਾਗੋ ਮਾਜਰਾ ਅਤੇ ਰੁੜਕੀ ਪੁਖ਼ਤਾ ਤੋਂ ਪਿੰਡ ਪੀਰ ਸੋਹਾਣਾ (ਰੰਧਾਵਾ ਰੋਡ) ਅਤੇ ਪਿੰਡ ਸਿੰਬਲ ਮਾਜਰਾ ਤੱਕ ਜਾਂਦੀਆਂ ਲਿੰਕ ਸੜਕਾਂ, ਜਿਨ੍ਹਾਂ ਦੀ ਹਾਲਤ ਬਹੁਤ ਜ਼ਿਆਦਾ ਖਰਾਬ ਹੈ ਦੀ, ਰਿਪੇਅਰ ਅਤੇ ਚੌੜਾ ਕਰਨ ਦੀ ਕੋਈ ਤਜ਼ਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਕਰ ਦਿੱਤਾ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

**ਖਰਾਬ ਹਾਲਤ ਸੜਕਾਂ ਦੀ ਰਿਪੇਅਰ ਅਤੇ ਚੌੜਾ ਕਰਨਾ**

**305** **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=**

ਕੀ ਭੂਨਰਹੇੜੀ ਤੋਂ ਪਿੰਡ ਰੋਹੜ ਜਗੀਰ ਵਾਇਆ ਪਿੰਡ ਘੜਾਮ ਤੱਕ ਅਤੇ ਪਟਿਆਲਾ ਤੋਂ ਪਿੰਡ ਚੀਕਾ ਵਾਇਆ

ਵਲਵੇੜਾ ਤੱਕ ਸੜਕਾਂ ਜਿਨ੍ਹਾਂ ਦੀ ਹਾਲਤ ਬਹੁਤ ਜ਼ਿਆਦਾ ਖਰਾਬ ਹੈ ਦੀ ਰਿਪੇਅਰ ਕਰਨ ਅਤੇ ਪਟਿਆਲਾ-ਦੇਵੀਗੜ੍ਹ ਰੋਡ ਤੋਂ ਪਿੰਡ ਨੈਣ ਕਲਾਂ ਤੱਕ ਸੜਕ ਨੂੰ 18 ਫੁੱਟ ਤੱਕ ਚੌੜਾ ਕਰਨ ਦੀ ਕੋਈ ਤਜ਼ਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਕਰ ਦਿੱਤੀ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ?

----

**ਹਲਕਾ ਸਨੌਰ ਵਿਖੇ ਬਰਸਾਤ/ਹੜ੍ਹਾਂ ਕਾਰਨ ਟੁੱਟੀਆਂ ਸੜਕਾਂ ਦੇ ਵੇਰਵੇ ਅਤੇ ਇਨ੍ਹਾਂ ਦੀ ਰਿਪੇਅਰ ਕਰਨਾ**

**306 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਲੋਕ ਨਿਰਮਾਣ, ਬਿਜਲੀ :=** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਦੱਸਣਗੇ ਕਿ ਕੀ ਰਾਜ ਵਿੱਚ ਸਾਲ, 2023 ਦੌਰਾਨ ਹੋਈ ਭਾਰੀ ਬਰਸਾਤ/ਹੜ੍ਹਾਂ ਕਾਰਨ ਜ਼ਿਲ੍ਹਾ ਪਟਿਆਲਾ ਅੰਦਰ ਪੈਂਦੇ ਹਲਕਾ ਸਨੌਰ ਦੀਆਂ ਕਿਹੜੀਆਂ -2 ਸੜਕਾਂ ਟੁੱਟੀਆਂ ਸਨ ਤੇ ਇਨ੍ਹਾਂ ਦੀ ਰਿਪੇਅਰ ਤੇ ਕਿੰਨਾਂ ਖ਼ਰਚਾ ਹੋਣ ਦੀ ਸੰਭਾਵਨਾ ਹੈ ਅਤੇ ਇਨ੍ਹਾਂ ਟੁੱਟੀਆਂ ਸੜਕਾਂ ਦੀ ਮੁਰੰਮਤ ਕਦੋਂ ਤੱਕ ਕਰ ਦਿੱਤੀ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ?

----

**ਪੰਜਾਬ ਸਕੂਲ ਸਿੱਖਿਆ ਬੋਰਡ ਵਿੱਚ ਕੱਚੇ ਮੁਲਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨਾ**

**307 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :-**
ਕੀ ਸਿੱਖਿਆ ਮੰਤਰੀ ਕਿਰਪਾ ਦੱਸਣਗੇ ਕਿ :-

**ੳ)** ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ.ਨਗਰ ਵਿੱਚ ਕਿੰਨੇ ਮੁਲਾਜ਼ਮ ਕੱਚੇ/ਠੇਕੇ ਤੇ ਪਿਛਲੇ ਕਿੰਨੇ ਸਮੇਂ ਤੋਂ ਕੰਮ ਕਰ ਰਹੇ ਹਨ ਅਤੇ ਇਨ੍ਹਾਂ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਅਤੇ ਅੱਗੇ ਤੋਂ ਵਿਭਾਗ ਵਿੱਚ ਠੇਕੇ ਤੇ ਭਰਤੀ ਪੱਕੇ ਤੌਰ ਤੇ ਬੰਦ ਕਰਕੇ ਰੈਗੂਲਰ ਕਰਨ ਦੀ ਕੋਈ ਤਜ਼ਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਕਰ ਦਿੱਤਾ ਜਾਵੇਗਾ;

**ਅ)** ਕੀ ਉਪਰੋਕਤ ਭਾਗ (ੳ) ਵਿੱਚ ਵਰਣਿਤ ਕਰਮਚਾਰੀਆਂ ਦੀ ਭਰਤੀ ਵਿੱਚ ਲੋੜੀਂਦੀ ਸੰਵਿਧਾਨਿਕ ਰਿਜ਼ਰਵੇਸ਼ਨ ਪਾਲਿਸੀ ਅਨੁਸਾਰ ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ ਨੂੰ ਲੋੜੀਂਦੀ ਪ੍ਰਤੀਨਿਧਤਾ ਦਿੱਤੀ ਗਈ ਹੈ; ਜੇਕਰ ਅਜਿਹਾ ਹੋਵੇ ਤਾਂ ਉਪਰੋਕਤ ਵਰਣਿਤ ਸਮੇਂ ਦੇ ਅੰਦਰ ਕੀਤੀ ਗਈ ਕੁੱਲ ਭਰਤੀ ਅਤੇ ਉਨ੍ਹਾਂ ਵਿਚੋਂ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਕਰਮਚਾਰੀਆਂ ਦੀ ਗਿਣਤੀ ਦਰਸਾਉਂਦਾ ਵਿਵਰਣ ਮੁਹੱਈਆ ਕਰਵਾਇਆ ਜਾਵੇ; ਜੇਕਰ ਨਹੀਂ ਤਾਂ ਭਰਤੀ ਵਿੱਚ ਰਿਜ਼ਰਵੇਸ਼ਨ ਪਾਲਿਸੀ ਅਨੁਸਾਰ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਲੋੜੀਂਦੀ ਪ੍ਰਤੀਨਿਧਤਾ ਕਦੋਂ ਤੱਕ ਦੇ ਦਿੱਤੀ ਜਾਵੇਗੀ ਅਤੇ ਸੰਵਿਧਾਨਿਕ ਰਿਜ਼ਰਵੇਸ਼ਨ ਪਾਲਿਸੀ ਦੀ ਉਲੰਘਣਾ ਕਰਨ ਲਈ ਕਿਹੜੇ-2 ਅਧਿਕਾਰੀ ਜਿੰਮੇਵਾਰ ਹਨ ਅਤੇ ਅਜਿਹੇ ਅਧਿਕਾਰੀਆਂ ਖਿਲਾਫ ਸਰਕਾਰ ਨੇ ਕੀ ਕਾਰਵਾਈ ਕੀਤੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਦੋਰਾਹਾ ਵਿਖੇ 'ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਸਰਕਾਰੀ ਹਸਪਤਾਲ ਦੀ ਇਮਾਰਤ ਦਾ ਕੰਮ ਮੁਕੰਮਲ ਕਰਨਾ**

**322 ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਕੇ ਕਿ :-

**ੳ**) ਕੀ ਦੋਰਾਹਾ ਵਿਖੇ 30 ਬੈੱਡਾਂ ਦੀ ਸਮਰੱਥਾ ਵਾਲੇ '**ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਸਰਕਾਰੀ ਹਸਪਤਾਲ** ਦੀ ਇਮਾਰਤ ਦਾ ਕੰਮ ਮੁਕੰਮਲ ਹੋ ਗਿਆ ਹੈ; ਜੇਕਰ ਅਜਿਹਾ ਹੈ ਤਾਂ ਇਸ ਵਿੱਚ ਸਟਾਫ ਦੀਆਂ ਭਰਤੀਆਂ ਕਦੋਂ ਤੱਕ ਹੋ ਜਾਣਗੀਆਂ;

**ਅ**) ਇਹ ਹਸਪਤਾਲ ਲੋਕਾਂ ਦੀ ਸਹੂਲਤਾਂ ਲਈ ਕਦੋਂ ਖ੍ਹੋਲਿਆ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

**ਦੋਰਾਹਾ-ਰਾਮਪੁਰ ਤੋਂ ਕਟਾਣਾ ਸਾਹਿਬ ਵਾਲੀ ਸੜਕ ਬਣਾਉਣਾ**

**323** **ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਲੋਕ ਨਿਰਮਾਣ, ਬਿਜਲੀ :=**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪਿਛਲੇ 2 ਸਾਲਾਂ ਤੋਂ ਦੋਰਾਹਾ-ਰਾਮਪੁਰ ਤੋਂ ਕਟਾਣਾ ਸਾਹਿਬ ਵਾਲੀ ਸੜਕ ਨਹੀਂ ਬਣ ਸਕੀ, ਜੇਕਰ ਅਜਿਹਾ ਹੈ ਤਾਂ ਇਹ ਸੜਕ ਕਦੋਂ ਤੱਕ ਬਣ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ?

----

**ਪਿੰਡ ਅੜੈਚਾ ਵਿਖੇ ਤਕਨੀਕੀ ਕਾਲਜ਼ ਖੋਲ੍ਹਣਾ**

**324** **ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :-**

ਕੀ ਤਕਨੀਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਕੀ ਇਹ ਠੀਕ ਹੈ ਕਿ ਦੋਰਾਹਾ ਨੇੜਲੇ ਅੜੈਚਾ ਪਿੰਡ ਵਿੱਚ ਤਕਨੀਕੀ ਸਿੱਖਿਆ ਕੇਂਦਰ ਖੋਲਣ ਲਈ ਜਮੀਨ ਇਕੁਆਇਰ ਕੀਤੀ ਗਈ ਸੀ; ਜੇਕਰ ਹਾਂ ਤਾਂ ਕਿੰਨੇ ਏਕੜ ਜਮੀਨ ਇਕੁਆਇਰ ਕੀਤੀ ਗਈ;

**ਅ**) ਕੀ ਸਰਕਾਰ ਦੀ ਉੱਥੇ ਕੋਈ ਤਕਨੀਕੀ ਕਾਲਜ ਖੋਲ੍ਹਣ ਦੀ ਤਜਵੀਜ ਹੈ; ਜੇਕਰ ਹਾਂ ਤਾਂ ਕਦੋਂ ਤੱਕ; ਜੇਕਰ ਨਹੀਂ ਤਾਂ ਕੀ ਸਰਕਾਰ ਖਾਲੀ ਪਈ ਜਮੀਨ ਤੇ ਕੋਈ ਪ੍ਰੋਜੈਕਟ ਲਾ ਸਕਦੀ ਹੈ?

----

**ਦੋਰਾਹਾ ਜਿਲ੍ਹਾ ਲੁਧਿਆਣਾ ਦੇ ਸਕੂਲ ਆਂਫ ਐਮੀਨਸ ਦਾ ਕੰਮ ਸ਼ੁਰੂ ਕਰਨਾ**

325 ਸ. ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :=**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਦੋਰਾਹਾ ਜਿਲ੍ਹਾ ਲੁਧਿਆਣਾ ਦੇ ਸਕੂਲ ਆਫ ਐਮੀਨਸ ਵਿੱਚ ਅਜੇ ਤੱਕ ਕੋਈ ਕੰਮ ਸ਼ੁਰੂ ਨਹੀ ਹੋਇਆ ਹੈ; ਜੇਕਰ ਅਜਿਹਾ ਹੈ ਤਾਂ ਕਦੋਂ ਤੱਕ ਸਕੂਲ ਆਫ ਐਮੀਨਸ ਦੀਆਂ ਸ਼ਰਤਾਂ ਪੂਰੀਆ ਕਰ ਲਵੇਗਾ; ਜੇਕਰ ਨਹੀਂ ਤਾਂ ਕਿੰਨੀ ਰਾਸ਼ੀ ਕਿਹੜੇ ਕੰਮ ਲਈ ਖਰਚੀ ਗਈ; ਵੇਰਵੇ ਸਹਿਤ ਦੱਸਿਆ ਜਾਵੇ?

----

**ਸਰਕਾਰੀ ਬ੍ਰਿਜਿੰਦਰਾ ਕਾਲਜ, ਫਰੀਦਕੋਟ ਵਿੱਚ ਬਣੇ ਹੋਏ ਸਵੀਮਿੰਗ ਪੂਲ ਦੀ ਛੱਤ ਪਾਉਣਾ**

339 ਸ. ਗੁਰਦਿੱਤ ਸਿੰਘ ਸੇਖੋਂ (ਫਰੀਦਕੋਟ):

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :=**

ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਦੱਸਣਗੇ ਕਿ ਫਰੀਦਕੋਟ ਦੇ ਸਰਕਾਰੀ ਬ੍ਰਿਜਿੰਦਰਾ ਕਾਲਜ ਵਿੱਚ ਜੋ ਸਵੀਮਿੰਗ ਪੂਲ ਬਣਿਆ ਹੋਇਆ ਹੈ ਉਸ ਤੇ ਛੱਤ ਪਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਟਹਿਣਾ-ਫਰੀਦਕੋਟ ਸੜਕ (MDR) ਤੇ ਰੇਲਵੇ ਲਾਈਨ ਉਪਰ ਬਣੇ ਰੇਲਵੇ ਓਵਰ Bridge ਦੀ ਤੀਜੀ ਲੇਗ ( Railway Road side) ਬਣਾਉਣਾ**

340 ਸ. ਗੁਰਦਿੱਤ ਸਿੰਘ ਸੇਖੋਂ (ਫਰੀਦਕੋਟ):

**ਲੋਕ ਨਿਰਮਾਣ, ਬਿਜਲੀ :=**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਫਰੀਦਕੋਟ ਵਿਖੇ ਰੇਲਵੇ line ਤੇ ਜੋ ਰੇਲਵੇ ਓਵਰ Bridge ਲੱਗਭਗ 3 ਸਾਲ ਪਹਿਲੇ ਬਣਾਇਆ ਗਿਆ ਸੀ, ਉਸ ਪੁੱਲ ਨੂੰ ਸਿੱਧਾ ਫਰੀਦਕੋਟ ਸ਼ਹਿਰ ਵਿੱਚ ਉਤਾਰ ਦਿੱਤਾ ਗਿਆ ਸੀ, ਜਿਸ ਕਰਕੇ ਲੋਕਾਂ ਨੂੰ ਟ੍ਰੈਫਿਕ ਸਬੰਧੀ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ; ਜੇਕਰ ਅਜਿਹਾ ਹੈ ਤਾਂ ਇਸ ਪੁੱਲ ਦੀ ਤੀਜੀ ਲੇੱਗ ਰੇਲਵੇ ਰੋਡ ਵਾਲੇ ਪਾਸੇ ਉਸਾਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਭਲਾਈ ਵਿਭਾਗ ਦੀ ਇਮਾਰਤ ਦੀ ਉਸਾਰੀ ਦਾ ਮੌਜੂਦਾ ਸਟੇਟਸ**

353 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ :=**

ਕੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਸਰਕਾਰ ਵੱਲੋਂ ਸਾਲ, 2022-23 ਅਤੇ 2023-24 ਵਿੱਚ ਭਲਾਈ ਵਿਭਾਗ ਦੀ ਬਿਲਡਿੰਗ ਦੀ ਉਸਾਰੀ ਲਈ ਕਿੰਨੇ ਫੰਡਾਂ ਦਾ ਉਪਬੰਧ

ਕੀਤਾ ਗਿਆ ਸੀ ਅਤੇ ਕਿੰਨ੍ਹਾਂ-ਕਿੰਨ੍ਹਾਂ ਖਰਚ ਕੀਤਾ ਗਿਆ ਹੈ; ਇਸ ਇਮਾਰਤ ਦੀ ਉਸਾਰੀ ਦਾ ਮੌਜੂਦਾ ਸਟੇਟਸ ਕੀ ਹੈ ਅਤੇ ਇਸ ਬਿਲਡਿੰਗ ਨੂੰ ਕਦੋਂ ਤੱਕ ਮੁਕੰਮਲ ਕਰਕੇ ਇੱਥੇ ਭਲਾਈ ਵਿਭਾਗ ਦੇ ਵੱਖ-ਵੱਖ ਦਫ਼ਤਰਾਂ ਨੂੰ ਸ਼ੁਰੂ ਕਰ ਦਿੱਤਾ ਜਾਵੇਗਾ?

----

**ਕਿਰਤ ਵਿਭਾਗ ਵੱਲੋਂ ਰਾਜ ਦੇ ਕਿਰਤੀਆਂ ਲਈ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦੇ ਵੇਰਵੇ**

**354** ਡਾ. ਨਛੱਤਰ ਪਾਲ (ਨਵਾਂ ਸ਼ਹਿਰ):

**ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ :=**

ਕੀ ਕਿਰਤ ਮੰਤਰੀ ਕਿਰਪਾ ਦੱਸਣਗੇ ਕਿ ਕਿਰਤ ਵਿਭਾਗ ਵੱਲੋਂ ਰਾਜ ਦੇ ਕਿਰਤੀਆਂ ਲਈ ਸੂਬਾ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਕਿਹੜੀਆਂ-ਕਿਹੜੀਆਂ ਭਲਾਈ ਸਕੀਮਾਂ ਕਿਨ੍ਹਾਂ-ਕਿਨ੍ਹਾਂ ਸ਼ਰਤਾਂ ਤੇ ਚਲਾਈਆਂ ਜਾ ਰਹੀਆਂ ਹਨ, ਸਾਲ, 2017-18 ਤੋਂ ਹੁਣ ਤੱਕ ਇਨ੍ਹਾਂ ਸਕੀਮਾਂ ਲਈ ਕਿੰਨੇ-ਕਿੰਨੇ ਫੰਡਾਂ ਦਾ ਉਪਬੰਧ ਕੀਤਾ ਗਿਆ ਸੀ ਅਤੇ ਇਨ੍ਹਾਂ ਭਲਾਈ ਸਕੀਮਾਂ ਦਾ ਕਿੰਨ੍ਹਾਂ-ਕਿੰਨ੍ਹਾਂ ਫੰਡ ਖ਼ਰਚ ਕਰਕੇ ਕਿੰਨੇ-ਕਿੰਨੇ ਮਜ਼ਦੂਰਾਂ ਨੂੰ ਕਿਹੜਾ-ਕਿਹੜਾ ਲਾਭ ਦਿੱਤਾ ਗਿਆ ਹੈ; ਵੇਰਵੇ ਸਾਹਿਤ ਦੱਸਿਆ ਜਾਵੇ?

----

**ਸੂਬੇ ਦੇ ਸਰਹੱਦੀ ਕਿਸਾਨਾਂ ਨੂੰ ਕੰਡਿਆਲੀ ਤਾਰ ਤੋਂ ਪਾਰ ਖੇਤੀ ਕਰਨ ਵਿੱਚ ਆਂਦੀਆਂ ਮੁਸ਼ਕਲਾਂ ਦਾ ਹੱਲ ਕਰਨਾ।**

**362** ਡਾ. ਨਛੱਤਰ ਪਾਲ (ਨਵਾਂ ਸ਼ਹਿਰ):

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਨ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=**
ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਨੇ ਸੂਬੇ ਦੇ ਸਰਹੱਦੀ ਕਿਸਾਨਾਂ ਨੂੰ ਕੰਡਿਆਲੀ ਤਾਰ ਤੋਂ ਪਾਰ ਖੇਤੀ ਕਰਨ ਵਿੱਚ ਆਂਦੀਆਂ ਮੁਸ਼ਕਲਾਂ ਦੇ ਹੱਲ ਲਈ ਕੇਂਦਰ ਸਰਕਾਰ ਨਾਲ ਕੋਈ ਰਾਬਤਾ ਕੀਤਾ ਹੈ; ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ ਅਤੇ ਜੇਕਰ ਹਾਂ ਤਾਂ ਇਸ ਦੇ ਵੇਰਵੇ ਕੀ ਹਨ?

----

**ਗਲੀਆਂ—ਮੁਹੱਲਿਆਂ ਵਿੱਚ ਲੋਕਾਂ ਦੇ ਘਰਾਂ ਨੂੰ ਜਾਂਦੀਆਂ ਬਿਜਲੀ ਦੀਆਂ ਅਸੁਰੱਖਿਅਤ ਪਾਈਆਂ ਤਾਰਾਂ ਨੂੰ ਪੋਲ ਲਗਾ ਕੇ ਠੀਕ ਕਰਨਾ।**

**363** ਡਾ. ਨਛੱਤਰ ਪਾਲ (ਨਵਾਂ ਸ਼ਹਿਰ):

**ਲੋਕ ਨਿਰਮਾਣ, ਬਿਜਲੀ :=**

ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਦੀਆਂ ਗਲੀਆਂ—ਮੁਹੱਲਿਆਂ ਵਿੱਚ ਲੋਕਾਂ ਦੇ ਘਰਾਂ ਨੂੰ ਜਾਂਦੀਆਂ ਬਿਜਲੀ ਦੀਆਂ ਤਾਰਾਂ ਜੋ ਕੇ ਅਸੁਰੱਖਿਅਤ ਪਾਈਆਂ ਹੋਈਆਂ ਹਨ ਨੂੰ ਪੋਲ ਲਗਾ ਕੇ ਸਹੀ ਢੰਗ ਨਾਲ ਠੀਕ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

**ਗਾਦੜ ਪੱਤੀ ਵਿੱਚ ਮਿੰਨੀ ਪਸ਼ੂ ਹਸਪਤਾਲ ਖੋਲਣਾ।**

367 **ਸ਼੍ਰੀ ਬੁੱਧ ਰਾਮ (ਬੁਢਲਾਡਾ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=**

ਕੀ ਪਸ਼ੂ ਪਾਲਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਬੋਹਾ ਕਸਬੇ ਦੇ ਗਾਦੜ ਪੱਤੀ ਵਿੱਚ ਜਿਥੇ ਜਿਆਦਾਤਰ ਲੋਕ ਪਸ਼ੂ ਆਦਿ ਪਾਲਦੇ ਹਨ, ਉੱਥੋਂ ਪਸ਼ੂ ਹਸਪਤਾਲ ਕਾਫੀ ਦੂਰੀ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਗਾਦੜ ਪੱਤੀ ਵਿੱਚ ਮਿੰਨੀ ਪਸ਼ੂ ਹਸਪਤਾਲ ਖੋਲਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

**ਬੁਢਲਾਡਾ ਤੋਂ ਸੁਨਾਮ ਪ੍ਰਧਾਨ ਮੰਤਰੀ ਸੜਕ ਦੀ ਰਿਕਾਰਪੈਟਿੰਗ ਕਰਨਾ।**

368 **ਸ਼੍ਰੀ ਬੁੱਧ ਰਾਮ (ਬੁਢਲਾਡਾ):**

**ਲੋਕ ਨਿਰਮਾਣ, ਬਿਜਲੀ :=**

ਕਿ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਬੁਢਲਾਡਾ ਤੋਂ ਸੁਨਾਮ ਪ੍ਰਧਾਨ ਮੰਤਰੀ ਸੜਕ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ, ਜਿਸ ਨਾਲ ਕਿਸੇ ਸਮੇਂ ਵੀ ਕੋਈ ਦੁਰਘਟਨਾ ਹੋ ਸਕਦੀ ਹੈ; ਜੇਕਰ ਅਜਿਹਾ ਹੈ ਤਾਂ ਇਸ ਸੜਕ ਦੀ ਰੀਕਾਰਪੈਟਿੰਗ/ਨਵੀਂ ਬਣਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਸਾਲ 2017 ਤੋਂ 2022 ਦੌਰਾਨ ਹਲਕਾ ਸੰਗਰੂਰ ਦੇ ਅੱਪਗ੍ਰੇਡ ਕੀਤੇ ਸਕੂਲਾਂ ਦੇ ਵੇਰਵੇ।**

382 **ਸ਼੍ਰੀਮਤੀ ਨਰਿੰਦਰ ਕੌਰ ਭਰਾਜ (ਸੰਗਰੂਰ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :=** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਿਛਲੀ ਸਰਕਾਰ ਦੁਆਰਾ 2017 ਤੋਂ 2022 ਤੱਕ ਹਲਕਾ ਸੰਗਰੂਰ ਦੇ ਕਿੰਨੇ ਸਕੂਲ ਅੱਪਗ੍ਰੇਡ ਕੀਤੇ ਗਏ; ਵੇਰਵੇ ਸਹਿਤ ਦੱਸਿਆ ਜਾਵੇ?

----

**ਹਲਕਾ ਜੀਰਾ ਦੇ ਪਿੰਡਾ ਵਿੱਚ ਖੇਡ ਮੈਦਾਨ ਬਣਾਉਣਾ**

387 **ਸ਼੍ਰੀ ਨਰੇਸ਼ ਕਟਾਰੀਆ (ਜੀਰਾ ):**

**ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ :=**

ਕੀ ਖੇਡ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਜੀਰਾ ਦੇ ਜਿੰਨਾ ਪਿੰਡਾਂ ਵਿੱਚ ਖੇਡ ਮੈਦਾਨ ਬਣਾਉਣ ਲਈ ਜਮੀਨਾਂ ਉਪਲਬਧ ਹਨ, ਕੀ ਉਹਨਾਂ ਪਿੰਡਾਂ ਵਿੱਚ ਖੇਡ ਮੈਦਾਨ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

**ਚੰਡੀਗੜ੍ਹ, 160001.** **ਰਾਮ ਲੋਕ ਖਟਾਣਾ,**

**ਵੀਰਵਾਰ 29 ਫਰਵਰੀ, 2024.** **ਸਕੱਤਰ**